ਆਕਾਸ਼ਵਾਣੀ ਚੰਡੀਗੜ੍ਹ
ਪ੍ਰਾਦੇਸ਼ਿਕ ਖ਼ਬਰਾਂ, ਪੰਜਾਬੀ
ਮਿਤੀ 24-11-2017,1820 ਵਜੇ ਸ਼ਾਮ
ਮੁੱਖ ਖ਼ਬਰਾਂ

- ਪੰਜਾਬ ਵਿਧਾਨ ਸਭਾ ਦਾ ਸਰਦ ਰੁੱਤ ਦਾ ਇਜਲਾਸ ਆਉਂਦੇ ਸੋਮਵਾਰ ਚੰਡੀਗੜ੍ਹ 'ਚ ਸ਼ੁਰੂ ਹੋ ਰਿਹੈ।

- ਸ਼੍ਰੋਮਣੀ ਅਕਾਲੀ ਦਲ ਅਤੇ ਬੀ ਜੇ ਪੀ ਨੇ ਵਿਧਾਨ ਸਭਾ ਦਾ ਅਜਲਾਸ ਤਿੰਨ ਦਿਨ ਤੋਂ ਵਧਾ ਕੇ 10 ਦਿਨ ਕਰਨ ਦੀ ਮੰਗ ਕੀਤੀ ਏ।

- ਪੰਜਾਬ ਦੇ ਮੁੱਖ ਮੰਤਰੀ ਨੇ ਕੇਂਦਰੀ ਖਜ਼ਾਨਾ ਮੰਤਰੀ ਨੂੰ ਪੱਤਰ ਲਿਖ ਕੇ ਕਮਜ਼ੋਰ ਵਰਗਾਂ ਨੂੰ ਦਿੱਤੇ ਜਾਣ ਵਾਲੇ ਭੋਜਨ ਦੇ ਸਮਾਨ ਉਪਰ ਜੀ ਐਸ ਟੀ ਵਾਪਸ ਲੈਣ ਦੀ ਮੰਗ ਕੀਤੀ ਏ।

- ਡਾਕ ਜੀਵਨ ਬੀਮਾ ਸਕੀਮ ਦਾ ਫਾਇਦਾ ਹੁਣ ਗ਼ੈਰ ਸਰਕਾਰੀ ਖੇਤਰ ਦੀਆਂ ਕੰਪਨੀਆਂ ਦੇ ਮੁਲਾਜ਼ਮਾਂ ਅਤੇ ਡਾਕਟਰਾਂ ਤੇ ਇੰਜਨੀਅਰਾਂ ਨੂੰ ਵੀ ਮਿਲੇਗਾ।

- ਪੰਜਾਬ ਦੇ ਸਾਰੇ ਜ਼ਿਲ੍ਹਿਆਂ 'ਚ ਜ਼ਮੀਨ ਦੀਆਂ ਰਜਿਸਟਰੀਆਂ ਆਨ ਲਾਈਨ ਸ਼ੁਰੂ ਕੀਤੀਆਂ ਜਾਣਗੀਆਂ।

ਪੰਜਾਬ ਵਿਧਾਨ ਸਭਾ ਦਾ ਸਰਦ ਰੁੱਤ ਦਾ ਅਜਲਾਸ ਏਸ ਮਹੀਨੇ ਦੀ 27 ਤਰੀਕ ਨੂੰ ਚੰਡੀਗੜ੍ਹ 'ਚ ਸ਼ੁਰੂ ਹੋ ਰਿਹੈ।
ਵਿਧਾਨ ਸਭਾ ਦੇ ਇਕ ਬੁਲਾਰੇ ਨੇ ਚੰਡੀਗੜ੍ਹ 'ਚ ਦਸਿਆ ਕਿ ਇਹ ਇਜਲਾਸ ਆਉਂਦੇ ਸੋਮਵਾਰ ਤੀਜੇ ਪਹਿਰ 2 ਵਜੇ ਸ਼ੁਰੂ ਹੋਏਗਾ ਅਤੇ ਪਹਿਲੇ ਦਿਨ ਪਿਛਲੇ ਇਜਲਾਸ ਤੋਂ ਬਾਅਦ ਵਿਛੜੀਆਂ ਅਹਿਮ ਹਸਤੀਆਂ ਨੂੰ ਸ਼ਰਧਾਂਜਲੀ ਭੇਂਟ ਕੀਤੀ ਜਾਏਗੀ।
ਮੰਤਰੀ ਮੰਡਲ ਨੇ ਸਰਦ ਰੁੱਤ ਦਾ ਇਜਲਾਸ 27 ਤੋਂ 29 ਨਵੰਬਰ ਤੱਕ ਸੱਦੇ ਜਾਣ ਦੀ ਤਜਵੀਜ਼ ਨੂੰ ਮਨਜ਼ੂਰੀ ਦਿੱਤੀ ਸੀ। ਸਾਡੇ ਚੰਡੀਗੜ੍ਹ ਵਾਲੇ ਪੱਤਰਕਾਰ ਨੇ ਖ਼ਬਰ ਦਿੱਤੀ ਏ ਇਸ ਅਜਲਾਸ ਦੇ ਹੰਗਾਮਿਆਂ ਭਰਪੂਰ ਰਹਿਣ ਦੀ ਸੰਭਾਵਨਾ ਏ ਕਿਉਂਕਿ ਸ਼੍ਰੋਮਣੀ ਅਕਾਲੀ ਦਲ ਅਤੇ ਬੀ ਜੇ ਪੀ ਨੇ ਵਿਰੋਧੀ ਧਿਰ ਦੇ ਨੇਤਾ ਸੁਖਪਾਲ ਸਿੰਘ ਖਹਿਰਾ ਖਿਲਾਫ਼, ਫਾਜ਼ਿਲਕਾ ਦੀ ਇਕ ਅਦਾਲਤ ਵੱਲੋਂ ਸੰਮਨ ਭੇਜਣ ਅਤੇ ਸੂਬੇ ਦੇ ਕਿਸਾਨਾਂ ਦੀ ਮਾਲੀ ਹਾਲਤ ਜਿਹੇ ਮੁੱਦੇ ਉਠਾਉਣ ਦਾ ਐਲਾਨ ਕੀਤੈ।

*****************************************************************

ਸ਼੍ਰੋਮਣੀ ਅਕਾਲੀ ਦਲ ਅਤੇ ਬੀ ਜੇ ਪੀ ਦੇ ਇਕ ਪ੍ਰਤੀਨਿਧ ਮੰਡਲ ਨੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਰਾਣਾ ਕੰਵਰਪਾਲ ਸਿੰਘ ਤੋਂ ਮੰਗ ਕੀਤੀ ਏ ਕਿ ਵਿਧਾਨ ਸਭਾ ਦੇ ਇਜਲਾਸ ਵਿਚ ਵਾਧਾ ਕੀਤਾ ਜਾਏ।

ਸਾਬਕਾ ਮੰਤਰੀ ਅਜੀਤ ਸਿੰਘ ਕੋਹਾੜ ਅਤੇ ਬੀ ਜੇ ਪੀ ਦੇ ਸੀਨੀਅਰ ਨੇਤਾ ਸੋਮ ਪ੍ਰਕਾਸ਼ ਦੀ ਅਗਵਾਈ 'ਚ ਦੋਹਾਂ ਪਾਰਟੀਆਂ ਦੇ ਵਫ਼ਦ ਨੇ ਕਿਹਾ ਕਿ ਇਜਲਾਸ ਵਿਚ ਕਾਂਗਰਸ ਸਰਕਾਰ ਵੱਲੋਂ ਆਮ ਆਦਮੀ ਪਾਰਟੀ ਆਗੂ ਸੁਖਪਾਲ ਸਿੰਘ ਖਹਿਰਾ ਨਾਲ ਲਿਹਾਜ ਕੀਤੇ ਜਾਣ ਅਤੇ ਸੂਬੇ 'ਚ ਕਿਸਾਨਾਂ ਦੀਆਂ ਸਮੱਸਿਆਵਾਂ ਸਮੇਤ ਕਈ ਅਹਿਮ ਮੁੱਦੇ ਵਿਚਾਰਨ ਲਈ ਕਾਫ਼ੀ ਸਮੇਂ ਦੀ ਜ਼ਰੂਰਤ ਏ।

ਮਗਰੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਅਕਾਲੀ ਦਲ ਦੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਪ੍ਰਤੀਨਿਧ ਮੰਡਲ ਨੇ ਸਪੀਕਰ ਤੋਂ ਮੰਗ ਕੀਤੀ ਏ ਵਿਧਾਨ ਸਭਾ ਦਾ ਸਰਦ ਰੁੱਤ ਦਾ ਅਜਲਾਸ ਘੱਟੋ ਘੱਟ 10 ਦਿਨ ਦਾ ਹੋਣਾ ਚਾਹੀਦੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਬੀ ਜੇ ਪੀ ਗਠਜੋੜ ਇਜਲਾਸ 'ਚ ਕਿਸਾਨਾਂ ਦੀਆਂ ਮੁਸ਼ਕਲਾਂ ਤੇ ਬਹਿਸ ਕਰਨੀ ਚਾਹੀਦੀ ਏ ਜਿਨ੍ਹਾਂ ਨੂੰ ਬੈਂਕਾਂ ਵੱਲੋਂ ਨਾਦਹਿੰਦ ਐਲਾਨਿਆਂ ਜਾ ਰਿਹੈ ਅਤੇ ਇਥੋਂ ਤੱਕ ਕਿ ਉਹ ਸਹਿਕਾਰੀ ਸਭਾਵਾਂ ਤੋਂ ਹਾੜ੍ਹੀ ਦੀ ਫਸਲ ਲਈ ਖਾਦਾਂ ਲੈਣ ਦੇ ਯੋਗ ਵੀ ਨਹੀਂ ਰਹੇ। ਉਨ੍ਹਾਂ ਦੋਸ਼ ਲਾਇਆ ਕਿ ਇਕ ਵੀ ਕਿਸਾਨ ਦਾ ਕਰਜ਼ਾ ਮਾਫ਼ ਨਹੀਂ ਹੋਇਆ।

*****************************************************************

ਪਾਰਲੀਮੈਂਟ ਦਾ ਸਰਦ ਰੁੱਤ ਦਾ ਇਜਲਾਸ ਅਗਲੇ ਮਹੀਨੇ ਦੀ 15 ਤਰੀਕ ਨੂੰ ਸ਼ੁਰੂ ਹੋ ਰਿਹੈ ਜੋ 5 ਜਨਵਰੀ ਤੱਕ ਚੱਲੇਗਾ।

ਪਾਰਲੀਮਾਨੀ ਮਾਮਲਿਆਂ ਬਾਰੇ ਕੇਂਦਰੀ ਮੰਤਰੀ ਅਨੰਤ ਕੁਮਾਰ ਨੇ ਅੱਜ ਨਵੀਂ ਦਿੱਲੀ 'ਚ ਪਾਰਲੀਮਾਨੀ ਮਾਮਲਿਆਂ ਬਾਰੇ ਕੈਬਨਿਟ ਕਮੇਟੀ ਦੀ ਮੀਟਿੰਗ ਤੋਂ ਬਾਅਦ ਇਹ ਐਲਾਨ ਕੀਤਾ।

ਮੀਟਿੰਗ ਦੀ ਪ੍ਰਧਾਨਗੀ ਕੇਂਦਰੀ ਗ੍ਰਹਿ ਮੰਤਰੀ ਰਾਜਨਾਥ ਸਿੰਘ ਨੇ ਕੀਤੀ। ਉਨ੍ਹਾਂ ਦਸਿਆ ਕਿ ਪਾਰਲੀਮੈਂਟ ਦੇ ਇਜਲਾਸ ਦੀਆਂ ਤਰੀਕਾਂ ਅਤੇ ਪ੍ਰੋਗਰਾਮ ਤੈਅ ਕਰਨ ਸਮੇਂ ਗੁਜਰਾਤ ਵਿਧਾਨ ਸਭਾ ਚੋਣਾਂ ਨੂੰ ਵੀ ਧਿਆਨ 'ਚ ਰਖਿਆ ਗਿਆ।

ਉਨ੍ਹਾਂ ਕਿਹਾ ਕਿ ਸਰਕਾਰ ਨੇ ਇਹ ਇਜਲਾਸ ਨਿਰਵਿਘਨ ਅਤੇ ਅਰਥਪੂਰਨ ਢੰਗ ਨਾਲ ਚਲਾਉਣ ਲਈ ਸਾਰੀਆਂ ਪਾਰਟੀਆਂ ਦਾ ਸਹਿਯੋਗ ਮੰਗਿਐ। ਉਨ੍ਹਾਂ ਇਹ ਵੀ ਦਸਿਆ ਕਿ ਇਸ ਇਜਲਾਸ 'ਚ ਤੀਹਰੇ ਤਲਾਕ ਅਤੇ ਪੱਛੜੀਆਂ ਸ਼੍ਰੇਣੀਆਂ ਕਮਿਸ਼ਨ ਨੂੰ ਸੰਵਿਧਾਨਕ ਦਰਜਾ ਦੇਣ ਲਈ ਬਿੱਲ ਪੇਸ਼ ਕੀਤੇ ਜਾਣਗੇ। ਇਸ ਤੋਂ ਇਲਾਵਾ ਕਈ ਹੋਰ ਮਹੱਤਵਪੂਰਨ ਬਿੱਲ ਵੀ ਪੇਸ਼ ਹੋਣਗੇ।

*****************************************************************

ਪੰਜਾਬ ਦੇ ਮੁੱਖ ਮੰਤਰੀ ਕੈਪਟਨ ਅਮਰਿੰਦਰ ਸਿੰਘ ਨੇ ਕੇਂਦਰੀ ਖਜ਼ਾਨਾ ਮੰਤਰੀ ਅਰੁਣ ਜੇਤਲੀ ਨੂੰ ਇਕ ਪੱਤਰ ਲਿੱਖ ਕੇ ਸਮਾਜ ਦੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨੂੰ ਮੁਫਤ ਵੰਡਣ ਲਈ ਤਿਆਰ ਕੀਤੇ ਜਾਣ ਵਾਲੇ ਭੋਜਨ ਦੇ ਸਮਾਨ 'ਤੇ ਪੰਜ ਫੀਸਦੀ ਜੀ.ਐਸ.ਟੀ. ਤੁਰੰਤ ਵਾਪਸ ਲਏ ਜਾਣ ਦੀ ਮੰਗ ਕੀਤੀ ਏ।

ਜੀ.ਐਸ.ਟੀ. ਕੌਂਸਲ ਵੱਲੋਂ ਆਪਣੀ ਸਰਕਾਰ ਨੂੰ ਪ੍ਰਾਪਤ ਹੋਏ ਨਵੇਂ ਟੈਕਸਾਂ ਬਾਰੇ ਨੋਟੀਫਿਕੇਸ਼ਨ ਦੀ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਅਜਿਹੇ ਟੈਕਸਾਂ ਦਾ ਇਕੋ-ਇਕ ਪ੍ਰਭਾਵ ਇਹ ਏ ਕਿ ਭਲਾਈ ਸਕੀਮਾਂ ਦੇ ਸਬੰਧ ਵਿੱਚ ਕੇਂਦਰ ਸਰਕਾਰ ਵੱਲੋਂ ਲਾਇਆ ਗਿਆ ਟੈਕਸ ਕੇਵਲ ਸੂਬਾ ਸਰਕਾਰ 'ਤੇ ਪਵੇਗਾ ਅਤੇ ਸੂਬਾ ਸਰਕਾਰ ਨੂੰ ਇਨ੍ਹਾਂ ਵਸਤਾਂ 'ਤੇ ਕੇਦਰੀ ਜੀ.ਐਸ.ਟੀ. ਦਾ ਭੁਗਤਾਨ ਕਰਨ ਦੀ ਜ਼ਰੂਰਤ ਹੋਵੇਗੀ।

ਅੱਜ ਚੰਡੀਗੜ੍ਹ 'ਚ ਇਕ ਬੁਲਾਰੇ ਨੇ ਦੱਸਿਆ ਕਿ ਇਸ ਮਾਮਲੇ ਵਿੱਚ ਸ੍ਰੀ ਜੇਤਲੀ ਦੇ ਨਿੱਜੀ ਦਖਲ ਦੀ ਮੰਗ ਕਰਦਿਆਂ ਮੁੱਖ ਮੰਤਰੀ ਨੇ ਇਸ ਫੈਸਲੇ ਦਾ ਮੁੜ ਜਾਇਜ਼ਾ ਲੈਣ ਲਈ ਮੰਗ ਕੀਤੀ ਹੈ ਅਤੇ ਵਡੇਰੇ ਜਨਤੱਕ ਹਿੱਤਾਂ ਲਈ ਇਸ ਫੈਸਲੇ ਨੂੰ ਵਾਪਸ ਲੈਣ ਲਈ ਜ਼ੋਰ ਪਾਇਐ।

ਜੀ.ਐਸ.ਟੀ. ਕੌਂਸਲ ਨੇ 16 ਅਕਤੂਬਰ ਨੂੰ ਆਪਣੀ 22ਵੀਂ ਮੀਟਿੰਗ ਵਿੱਚ ਸਮਾਜ ਦੇ ਆਰਥਿਕ ਤੌਰ 'ਤੇ ਕਮਜ਼ੋਰ ਵਰਗਾਂ ਨੂੰ ਮੁਫਤ ਵੰਡਣ ਲਈ ਇਕਾਈ ਕੰਟੇਨਰਾਂ ਵਿੱਚ ਤਿਆਰ ਕੀਤੇ ਜਾਂਦੇ ਭੋਜਨ 'ਤੇ ਪੰਜ ਫੀਸਦੀ ਜੀ.ਐਸ.ਟੀ. ਲਾਉਣ ਦਾ ਫੈਸਲਾ ਕੀਤਾ ਸੀ।

****************************************************************

ਮਨੁੱਖੀ ਵਸੀਲਿਆਂ ਦੇ ਵਿਕਾਸ ਬਾਰੇ ਮੰਤਰਾਲੇ ਨੇ ਭਾਰਤੀ ਸੰਵਿਧਾਨ 'ਚ ਆਸਥਾ ਪੱਕੀ ਕਰਨ ਅਤੇ ਮੌਲਿਕ ਫਰਜ਼ਾਂ ਬਾਰੇ ਜਾਗਰੂਕਤਾ ਪੈਦਾ ਕਰਨ ਲਈ ਡਿਜੀਟਲ ਦਸਤਖ਼ਤ ਮੁਹਿੰਮ ਸ਼ੁਰੂ ਕੀਤੀ ਏ।

ਮਨੁੱਖੀ ਵਸੀਲਿਆਂ ਦੇ ਵਿਕਾਸ ਬਾਰੇ ਕੇਂਦਰੀ ਮੰਤਰੀ ਪ੍ਰਕਾਸ਼ ਜਾਵੜੇਕਰ ਨੇ ਇਕ ਟਵੀਟ 'ਚ ਕਿਹੈ ਕਿ ਲੋਕ ਆਨ ਲਾਈਨ ਫਾਰਮ ਭਰ ਕੇ ਇਸ ਮੁਹਿੰਮ 'ਚ ਸ਼ਾਮਲ ਹੋ ਸਕਦੇ ਨੇ। ਪਰਸੋਂ 26 ਨਵੰਬਰ ਨੂੰ ਸੰਵਿਧਾਨ ਦਿਵਸ ਮਨਾਇਆ ਜਾ ਰਿਹੈ।

****************************************************************

ਡਾਕ ਜੀਵਨ ਬੀਮਾ (ਪੀ ਐਲ ਆਈ) ਸਕੀਮ ਦਾ ਫਾਇਦਾ ਹੁਣ ਡਾਕਟਰ, ਇੰਜਨੀਅਰ, ਮੈਨਜਮੈਂਟ ਸਲਾਹਕਾਰ, ਚਾਰਟਡ ਅਕਾਊਂਟੈਂਟ, ਵਕੀਲ, ਬੈਂਕਰਜ਼ ਅਤੇ ਕੰਪਨੀਆਂ ਦੇ ਅਧਿਕਾਰੀ ਤੇ ਮੁਲਾਜ਼ਮ ਵੀ ਲੈ ਸਕਦੇ ਨੇ।

ਕੇਂਦਰ ਸਰਕਾਰ ਨੇ ਡਾਕ ਜੀਵਨ ਬੀਮਾ ਨਿਯਮਾਂ 'ਚ ਤਰਮੀਮ ਸਬੰਧੀ 19 ਸਤੰਬਰ ਨੂੰ ਇਕ ਨੋਟੀਫੀਕੇਸ਼ਨ ਜਾਰੀ ਕੀਤੀ ਸੀ ਤਾਂ ਜੋ ਇਨ੍ਹਾਂ ਵਰਗਾਂ ਨੂੰ ਇਸ ਦਾ ਫਾਇਦਾ ਪੁਚਾਇਆ ਜਾ ਸਕੇ। ਪਹਿਲਾਂ ਪੀ ਐਲ ਆਈ ਸਕੀਮ ਸਿਰਫ ਸਰਕਾਰੀ ਅਤੇ ਅਰਧ ਸਰਕਾਰੀ ਮੁਲਾਜ਼ਮਾਂ ਤੱਕ ਸੀਮਤ ਸੀ।

ਚੰਡੀਗੜ੍ਹ ਦੇ ਡਾਕ ਮਹਿਕਮੇ ਦੀ ਸੀਨੀਅਰ ਸੁਪਰਡੈਂਟ ਡਾ. ਅਮਨਪ੍ਰੀਤ ਸਿੰਘ ਨੇ ਦਸਿਆ ਕਿ ਪੀ ਐਲ ਆਈ ਪਾਲਿਸੀ ਉਪਰ ਪ੍ਰੀਮੀਅਮ ਘੱਟ ਅਤੇ ਬੋਨਸ ਜ਼ਿਆਦਾ ਦਿੱਤਾ ਜਾਂਦੈ।

****************************************************************

ਕੇਂਦਰੀ ਸਮਾਜਿਕ ਨਿਆਂ ਅਤੇ ਅਧਿਕਾਰਤਾ ਰਾਜ ਮੰਤਰੀ ਵਿਜੇ ਸਾਂਪਲਾ ਨੇ ਹੁਸ਼ਿਆਰਪੁਰ ਮੁੱਖ ਡਾਕਘਰ ਦੇ ਅਧਿਕਾਰੀਆਂ ਨੂੰ ਕਿਹੈ ਕਿ ਸੰਸਦ ਆਦਰਸ਼ ਗਰਾਮ ਯੋਜਨਾ ਤਹਿਤ ਅਪਣਾਏ ਗਏ ਪਿੰਡ ਬੁੱਢਾਬੜ ਵਿਖੇ ਸਾਰੇ ਪਿੰਡ ਵਾਸੀਆਂ ਨੂੰ ਡਾਕ ਵਿਭਾਗ ਵਲੋਂ ਚਲਾਈਆਂ ਜਾਂਦੀਆਂ ਸਕੀਮਾਂ ਸਬੰਧੀ ਜਾਣਕਾਰੀ ਮੁਹੱਈਆ ਕਰਵਾਈ ਜਾਵੇ ਅਤੇ ਦਿਹਾਤੀ ਡਾਕ ਜੀਵਨ ਬੀਮਾ ਸਕੀਮ ਤਹਿਤ ਸ਼ਰਤਾਂ ਪੂਰੀਆਂ ਕਰਨ ਵਾਲੇ ਪਿੰਡ ਦੇ ਹਰ ਘਰ ਦੇ ਪਰਿਵਾਰਕ ਮੈਂਬਰਾਂ ਦਾ ਬੀਮਾ ਕੀਤਾ ਜਾਵੇ। ਉਨ੍ਹਾਂ ਨੇ ਮੁੱਖ ਡਾਕਘਰ ਦੇ ਅਧਿਕਾਰੀਆਂ ਨਾਲ ਮੀਟਿੰਗ 'ਚ ਕਿਹਾ ਕਿ ਪਿੰਡ ਵਾਸੀਆਂ ਨੂੰ ਬੀਮਾ ਯੋਜਨਾ ਸਬੰਧੀ ਜਾਣਕਾਰੀ ਦੇਣ ਲਈ ਕੈਂਪ ਲਗਾਏ ਜਾਣ ਅਤੇ ਪਿੰਡ ਵਾਸੀਆਂ ਨੂੰ ਬੀਮਾ ਯੋਜਨਾ ਦੀਆਂ ਸ਼ਰਤਾਂ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਜਾਵੇ।

****************************************************************

ਕੇਂਦਰ ਸਰਕਾਰ ਨੇ, ਮੀਡੀਆ ਦੇ ਇਕ ਸੈਕਸ਼ਨ 'ਚ ਆਈਆਂ ਇਨ੍ਹਾਂ ਖ਼ਬਰਾਂ ਨੂੰ ਬੇਬੁਨਿਆਦ ਦਸਿਐ ਕਿ ਸਰਕਾਰ ਵੱਲੋਂ ਡਿਜੀਟਲ ਲੈਣ ਦੇਣ ਨੂੰ ਉਤਸ਼ਾਹਿਤ ਕਰਨ ਲਈ ਬੈਂਕ ਚੈੱਕ ਦੀ ਸਹੂਲਤ ਵਾਪਸ ਲਈ ਜਾ ਸਕਦੀ ਏ।

ਕੇਂਦਰੀ ਖਜ਼ਾਨਾ ਵਿਭਾਗ ਨੇ ਇਨ੍ਹਾਂ ਖ਼ਬਰਾਂ ਦਾ ਖੰਡਨ ਕਰਦਿਆਂ ਕਿਹੈ ਕਿ ਬੈਂਕ ਚੈੱਕ ਸਹੂਲਤ ਵਾਪਸ ਲੈਣ ਲਈ ਕੋਈ ਤਜਵੀਜ਼ ਸਰਕਾਰ ਦੇ ਵਿਚਾਰ ਅਧੀਨ ਨਹੀਂ ਏ।

**************************************************************

ਮਾਲ ਵਿਭਾਗ ਦੀ ਅਡੀਸ਼ਨਲ ਮੁੱਖ ਸਕੱਤਰ ਸ੍ਰੀਮਤੀ ਵਿੰਨੀ ਮਹਾਜਨ ਨੇ ਕਿਹੈ ਕਿ ਜ਼ਮੀਨ ਦੀ ਆਨ ਲਾਈਨ ਰਜਿਸਟਰੇਸ਼ਨ ਦਾ ਮਾਡਲ ਪੂਰੇ ਸੂਬੇ 'ਚ ਲਾਗੂ ਕੀਤਾ ਜਾਏਗਾ। ਆਨ ਲਾਈਨ ਰਜਿਸਟਰੇਸ਼ਨ ਦਾ ਕੰਮ ਆਦਮਪੁਰ ਹਲਕੇ ਤੋਂ ਅਜਮਾਇਸ਼ੀ ਤੌਰ 'ਤੇ ਸ਼ੁਰੂ ਕੀਤਾ ਗਿਆ ਸੀ ਜੋ ਕਾਮਯਾਬ ਰਿਹੈ।

ਸ੍ਰੀਮਤੀ ਮਹਾਜਨ ਨੇ ਆਦਮਪੁਰ ਦੇ ਦੌਰੇ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਸ ਦਾ ਮਕਸਦ ਭੌਂਇੰ ਰਿਕਾਰਡ ਵਿਚ ਪਾਰਦਰਸ਼ਤਾ ਲਿਆਉਣਾ ਅਤੇ ਭੌਂਇੰ ਰਿਕਾਰਡ ਸਿਲਸਿਲੇ ਨੂੰ ਜੁਆਬਦੇਹ ਬਣਾਉਣਾ ਏ। ਉਨ੍ਹਾਂ ਦਸਿਆ ਕਿ ਪਿਛਲੇ ਇਕ ਹਫ਼ਤੇ 'ਚ ਦੋ ਥਾਵਾਂ 'ਤੇ 82 ਰਜਿਸਟਰੀਆਂ ਆਨ ਲਾਈਨ ਹੋਈਆਂ ਨੇ। ਉਨ੍ਹਾਂ ਦਸਿਆ ਕਿ ਹੁਣ ਨੰਬਰਦਾਰ ਜਾਂ ਮਿਉਂਸਪਲ ਕੌਂਸਲਰ ਵਿਚੋਂ ਕੋਈ 2 ਵਿਅਕਤੀ ਗਵਾਹੀ ਲਈ ਆ ਸਕਦੇ ਨੇ ਅਤੇ ਉਨ੍ਹਾਂ ਕੋਲ ਆਧਾਰ ਕਾਰਡ, ਪੈਨ ਕਾਰਡ, ਵੋਟਰ ਸ਼ਨਾਖਤੀ ਕਾਰਡ ਵਿਚੋਂ ਕੋਈ ਹੀ ਪਛਾਣ ਪੱਤਰ ਹੋਣਾ ਚਾਹੀਦੈ। ਇਸ ਨਾਲ ਜ਼ਮੀਨ ਖਰੀਦਣ ਅਤੇ ਵੇਚਣ ਵਾਲਿਆਂ ਨੂੰ ਆਸਾਨੀ ਹੋਵੇਗੀ।

ਸ੍ਰੀਮਤੀ ਮਹਾਜਨ ਨੇ ਦਸਿਆ ਕਿ ਅਚੱਲ ਜਾਇਦਾਦ ਦੀ ਵਿਕਰੀ 'ਚ ਘਪਲੇਬਾਜ਼ੀ ਖਤਮ ਕਰਨ ਲਈ ਸਰਕਾਰ ਛੇਤੀ ਹੀ ਆਪਣੇ ਗਾਹਕ ਨੂੰ ਜਾਣੋ (ਕੇ ਵਾਇ ਸੀ) ਯੋਜਨਾ ਲਾਗੂ ਕਰ ਰਹੀ ਏ।

**************************************************************

ਪੰਜਾਬ ਦੇ ਖਜ਼ਾਨਾ ਮੰਤਰੀ ਮਨਪ੍ਰੀਤ ਸਿੰਘ ਬਾਦਲ ਨੇ, ਮਾਨਸਾ ਜ਼ਿਲ੍ਹੇ ਦੇ ਬਣਾਂਵਾਲੀ ਪਿੰਡ ਦੇ ਸ਼ਹੀਦ ਫੌਜੀ ਮਨਜਿੰਦਰ ਸਿੰਘ ਦੇ ਪਰਿਵਾਰ ਨੂੰ 10 ਲੱਖ ਰੁਪਏ ਦੀ ਮਾਲੀ ਸਹਾਇਤਾ ਭੇਂਟ ਕੀਤੀ ਏ।

ਮਨਜਿੰਦਰ ਸਿੰਘ 14 ਨਵੰਬਰ ਨੂੰ ਜੰਮੂ ਕਸ਼ਮੀਰ ਨੇ ਕੁਲਗਾਮ ਜ਼ਿਲ੍ਹੇ ਦੇ ਤਰਾਲ ਖੇਤਰ 'ਚ ਦਹਿਸ਼ਤਗਰਦਾਂ ਨਾਲ ਮੁਕਾਬਲੇ 'ਚ ਸ਼ਹੀਦ ਹੋ ਗਿਆ ਸੀ। ਅੱਜ ਬਣਾਂਵਾਲੀ 'ਚ ਸ਼ਹੀਦ ਮਨਜਿੰਦਰ ਦੀ ਅੰਤਮ ਅਰਦਾਸ ਮੌਕੇ ਉਸ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ। ਸ਼ਰਧਾਂਜਲੀ ਸਮਾਗਮ 'ਚ ਸ੍ਰੀ ਬਾਦਲ ਤੋਂ ਇਲਾਵਾ ਰਾਜ ਸਭਾ ਮੈਂਬਰ ਬਲਵਿੰਦਰ ਸਿੰਘ ਭੂੰਦੜ, ਸਾਬਕਾ ਵਿਧਾਇਕ ਅਜੀਤ ਇੰਦਰ ਸਿੰਘ ਮੋਫਰ ਅਤੇ ਮਾਨਸਾ ਦੇ ਡਿਪਟੀ ਕਮਿਸ਼ਨਰ ਧਰਮਪਾਲ ਗੁਪਤਾ ਨੇ ਸ਼ਰਧਾਂਜਲੀਆਂ ਭੇਂਟ ਕੀਤੀਆਂ।

**************************************************************

ਸਾਂਝੀਵਾਲਤਾ ਦੇ ਪ੍ਰਤੀਕ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਲਈ 'ਵਰਲਡ ਬੁੱਕ ਆਫ ਰੀਕਾਰਡਜ਼', ਲੰਡਨ ਨੇ 'ਮੋਸਟ ਵਿਜ਼ਿਟਡ ਪਲੇਸ ਆਫ ਦਾ ਵਰਲਡ' ਐਵਾਰਡ ਸ਼੍ਰੋਮਣੀ ਕਮੇਟੀ ਨੂੰ ਭੇਟ ਕੀਤੈ। ਇਹ ਪੁਰਸਕਾਰ ਦੇਸ਼-ਵਿਦੇਸ਼ਾਂ ਤੋਂ ਵੱਖ-ਵੱਖ ਧਰਮਾਂ, ਜਾਤਾਂ ਦੇ ਸ਼ਰਧਾਲੂਆਂ ਦੀ ਸਭ ਤੋਂ ਵੱਧ ਆਮਦ ਵਾਲਾ ਧਾਰਮਿਕ ਅਸਥਾਨ ਹੋਣ ਲਈ ਭੇਟ ਕੀਤਾ ਗਿਐ। ਇਹ ਐਵਾਰਡ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਲੰਡਨ ਤੋਂ ਆਏ ਬੀਬੀ ਸੁਰਭੀ ਕੌਲ ਜਨਰਲ ਸੈਕਟਰੀ ਤੇ ਰਨਦੀਪ ਸਿੰਘ ਕੋਹਲੀ ਦੀ ਟੀਮ ਪਾਸੋਂ ਪ੍ਰਾਪਤ ਕੀਤਾ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਮੁੱਖ ਸਕੱਤਰ ਡਾ. ਰੂਪ ਸਿੰਘ ਨੇ ਕਿਹਾ ਕਿ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਸ਼ਵ ਦਾ ਇਕੱਲਾ ਅਜਿਹਾ ਧਾਰਮਿਕ ਅਸਥਾਨ ਏ ਜਿੱਥੇ ਮਾਨਵਤਾ ਦੀ ਸੇਵਾ, ਹਰ ਵੇਲੇ ਹੁੰਦੀ ਸਰਬੱਤ ਦੇ ਭਲੇ ਦੀ ਅਰਦਾਸ, ਗੁਰਬਾਣੀ ਦਾ ਅਮੋਲਕ ਉਪਦੇਸ਼, ਸੰਗਤਾਂ ਲਈ ਕੀਤੇ ਜਾਂਦੇ ਵੱਡੇ ਪ੍ਰਬੰਧ, ਸਾਫ-ਸਫਾਈ, ਮਨੁੱਖੀ ਬਰਾਬਰਤਾ ਅਤੇ ਹਰ ਧਰਮ, ਜਾਤ-ਪਾਤ, ਨਸਲ, ਰੰਗ ਦੇ ਲੋਕਾਂ ਨੂੰ ਬਿਨਾਂ ਕਿਸੇ ਭੇਦ ਭਾਵ ਦੇ ਛਕਾਇਆ ਜਾਂਦਾ ਅਤੁੱਟ ਲੰਗਰ ਆਪਣੇ ਆਪ ਵਿਚ ਸਦੀਆਂ ਤੋਂ ਵਿਸ਼ਵ ਰੀਕਾਰਡ ਬਣਾ ਰਿਹੈ। ਉਨ੍ਹਾਂ

ਕਿਹਾ ਕਿ ਇਹ ਪੁਰਸਕਾਰ ਮਿਲਣਾ ਵੀ ਸਿੱਖਾਂ ਲਈ ਮਾਣ ਵਾਲੀ ਗੱਲ ਏ ਕਿਉਂਕਿ ਸਿੱਖਾਂ ਨੇ ਘੱਟ-ਗਿਣਤੀ ਹੁੰਦਿਆਂ ਵੀ ਵਿਸ਼ਵ ਭਰ ਦਾ ਧਿਆਨ ਆਪਣੇ ਵੱਲ ਖਿੱਚਿਐ।

******************************************************************

ਪੰਜਾਬ ਦੇ ਸਰਕਾਰੀ ਸਕੂਲਾਂ 'ਚ ਗਣਿਤ ਅਤੇ ਸਾਇੰਸ ਦੀ ਪੜ੍ਹਾਈ ਨੂੰ ਉਤਸ਼ਾਹਿਤ ਕਰਨ ਅਤੇ ਇਨ੍ਹਾਂ ਵਿਸ਼ਿਆਂ ਪ੍ਰਤੀ ਵਿਦਿਆਰਥੀਆਂ 'ਚ ਰੌਚਿਕਤਾ ਪੈਦਾ ਕਰਨ ਲਈ ਸਕੂਲਾਂ 'ਚ ਸਾਇੰਸ ਮੇਲੇ ਲਗਾਏ ਜਾ ਰਹੇ ਨੇ।

ਸਿੱਖਿਆ ਵਿਭਾਗ ਦੇ ਇਕ ਬੁਲਾਰੇ ਨੇ ਚੰਡੀਗੜ੍ਹ 'ਚ ਦਸਿਆ ਕਿ ਇਸ ਸਬੰਧੀ ਵਿਦਿਆਰਥੀਆਂ ਦੀ ਤਿਆਰੀ ਲਈ ਸਰਵ ਸਿੱਖਿਆ ਅਭਿਆਨ ਪੰਜਾਬ ਵੱਲੋਂ ਇ ਸਬੰਧੀ 20 ਪੰਨਿਆਂ ਦੀ ਅਭਿਆਸ ਪੁਸਤਕ ਛਾਪੀ ਗਈ ਏ।

******************************************************************